a

# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-09-2024**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਭਰ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਖਰੀਦਣ ਲਈ ਵਚਨਬੱਧ ਏ। ਸੂਬੇ ਵਿੱਚ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਪੁੱਜਦੇ ਸਾਰ ਹੀ ਖਰੀਦਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮੌਕੇ 'ਤੇ ਹੀ ਅਦਾਇਗੀ ਯਕੀਨੀ ਬਣਾਉਣ ਲਈ ਵਿਹਾਰਕ ਵਿਧੀ ਵਿਕਸਿਤ ਕੀਤੀ ਗਈ ਏ ਅਤੇ ਮੰਡੀਆਂ ਵਿੱਚ ਅਨਾਜ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਇਆ ਜਾ ਰਿਹਾ ਏ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਪੱਸ਼ਟ ਕਿਹਾ ਕਿ ਸੂਬੇ ਦੇ ਕਿਸਾਨਾਂ ਨੂੰ ਮੰਡੀਆਂ

ਵਿੱਚ ਆਪਣੀ ਫਸਲ ਦੀ ਵਿਕਰੀ ਸਬੰਧੀ ਕਿਸੇ ਕਿਸਮ ਦੀ ਔਕੜ ਨਹੀਂ ਹੋਣੀ ਚਾਹੀਦੀ। ਇਸ ਦੌਰਾਨ ਪੰਜਾਬ ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਵਫ਼ਦ ਨੇ ਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ। ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਨ੍ਹਾਂ ਦਾ ਮੁੱਦਾ ਕੇਂਦਰ ਸਰਕਾਰ ਕੋਲ ਉਠਾਏਗੀ। ਮੁੱਖ ਮੰਤਰੀ ਨੇ ਇਸ ਮੁੱਦੇ ਬਾਰੇ ਕੇਂਦਰੀ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ  ਫੋਨ 'ਤੇ ਗੱਲਬਾਤ ਕੀਤੀ ਅਤੇ ਮਾਮਲੇ ਨੂੰ ਸੁਲਝਾਉਣ ਲਈ ਉਨ੍ਹਾਂ ਦੇ ਦਖਲ ਦੀ ਮੰਗ ਕੀਤੀ। ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਐਫ.ਸੀ.ਆਈ. ਨੂੰ ਚੌਲਾਂ ਦੀ ਡਿਲਿਵਰੀ ਲਈ ਲੋੜੀਂਦੀ ਜਗ੍ਹਾ ਬਣਾਉਣ ਲਈ ਨਿਰਦੇਸ਼ ਦੇਣ ਲਈ ਕਿਹਾ ਤਾਂ ਜੋ ਸੂਬੇ ਵਿੱਚ ਸਾਉਣੀ ਮੰਡੀਕਰਨ ਸੀਜ਼ਨ 2024-25 ਦੌਰਾਨ ਝੋਨੇ ਤੇ ਚੋਲਾਂ ਦੀ ਖਰੀਦ ਨਿਰਵਿਘਨ ਢੰਗ ਨਾਲ ਹੋ ਸਕੇ।

---------------------------------------------------------

ਪੰਜਾਬ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਕਾਇਮ ਰੱਖਣ ਦੇ ਮੱਦੇਨਜ਼ਰ, ਸੂਬੇ ਦੇ ਕੀਰਤਪੁਰ ਸਾਹਿਬ ਪੁਲਿਸ ਥਾਣੇ ਨੇ ‘‘ ਸਾਲ 2023 ਦੀ ਸਾਲਾਨਾ ਰੈਂਕਿੰਗ’ ਵਿੱਚ ਕੌਮੀ ਪੱਧਰ ’ਤੇ 8ਵਾਂ ਅਤੇ ਪੰਜਾਬ

a

ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਇੱਕ ਸ਼ਾਨਦਾਰ ਪ੍ਰਾਪਤੀ ਦਰਜ ਕੀਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਥਾਣਿਆਂ ਦੀ ਇਹ ਸਾਲਾਨਾ ਰੈਂਕਿੰਗ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਨਿਰਧਾਰਤ ਕੀਤੇ ਮਾਪਦੰਡਾਂ ਦੇ ਆਧਾਰ ’ਤੇ ਕੀਤੀ ਜਾਂਦੀ ਏ । ਇਸ ਪ੍ਰਾਪਤੀ ਤਹਿਤ ਪੁਲਿਸ ਥਾਣੇ ਨੂੰ ਕੇਂਦਰੀ ਗ੍ਰਹਿ ਮੰਤਰੀ ਅਤੇ ਕੇਂਦਰੀ ਗ੍ਰਹਿ ਸਕੱਤਰ ਵੱਲੋਂ ਸਾਂਝੇ ਤੌਰ ’ਤੇ ਹਸਤਾਖ਼ਰ ਕੀਤੇ ਦੋ ਸਰਟੀਫਿਕੇਟ ਪ੍ਰਾਪਤ ਹੋਏ ਨੇ । ਉਨ੍ਹਾਂ ਇਹ ਮੀਲ ਪੱਥਰ ਸਥਾਪਿਤ ਕਰਨ ’ਤੇ ਵਧਾਈ ਦੀਦਿਆਂ ਕਿਹਾ ਕਿ ਇਹ ਪ੍ਰਾਪਤੀ ਕੀਰਤਪੁਰ ਸਾਹਿਬ ਪੁਲਿਸ ਵੱਲੋਂ ਅਪਣਾਈਆਂ ਗਈਆਂ ਪ੍ਰਭਾਵਸ਼ਾਲੀ ਪੁਲਿਸ ਰਣਨੀਤੀਆਂ ਅਤੇ ਲੋਕ ਪੱਖੀ ਪਹੁੰਚ ਨੂੰ ਦਰਸਾਉਂਦੀ ਏ । DGP ਨੇ ਪੰਜਾਬ ਪੁਲਿਸ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਗ੍ਰਹਿ ਮੰਤਰਾਲੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਮਾਨਤਾ ਪੁਲਿਸ ਕਰਮੀਆਂ ਲਈ ਬੇਮਿਸਾਲ ਸੇਵਾਵਾਂ ਪ੍ਰਦਾਨ ਕਰਦੇ ਰਹਿਣ ਲਈ ਪ੍ਰੇਰਣਾ ਅਤੇ ਪੰਜਾਬ ਪੁਲਿਸ ਦੀ ਉੱਤਮਤਾ ਪ੍ਰਤੀ ਵਚਨਬੱਧਤਾ ਅਤੇ ਲੋਕਾਂ ਲਈ ਵੱਧ ਤੋਂ ਵੱਧ ਸੁਰੱਖਿਅਤ ਮਾਹੌਲ ਸਿਰਜਣ ਦੇ ਯਤਨਾਂ ਨੂੰ ਦਰਸਾਉਂਦੀ ਏ।

a

-------------------------------------------------------------------

ਕੇਂਦਰ ਸਰਕਾਰ ਕਰਮਚਾਰੀ ਭਲਾਈ ਤਾਲਮੇਲ ਕਮੇਟੀ , ਚੰਡੀਗੜ੍ਹ ਵੱਲੋਂ ਕੱਲ ਚੰਡੀਗੜ੍ਹ ਸਥਿਤ ਟੈਗੋਰ ਥੀਏਟਰ ਵਿਖੇ, ਇੱਕ ਸੱਭਿਆਚਾਰਕ ਸ਼ਾਮ 'ਝੰਕਾਰ 2024' ਦਾ ਆਯੋਜਨ ਕੀਤਾ ਗਿਆ । ਇਸ ਸਮਾਗਮ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਕਰਮਚਾਰੀਆਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਸ਼ਿਰਕਤ ਕੀਤੀ । ਹਿੱਸਾ ਲੈਣ ਵਾਲੇ ਵਿਭਾਗਾਂ ਵਿੱਚ ਪੰਜਾਬ ਅਤੇ ਹਰਿਆਣਾ ਦੇ ਪੀ.ਏ.ਜੀ ਦਫ਼ਤਰ, ਸਮੇਤ ਹੋਰ ਕਈ ਵਿਭਾਗ ਸ਼ਾਮਲ ਸਨ। ਪ੍ਰੋਗਰਾਮ ਦਾ ਮੁੱਖ ਆਕਰਸ਼ਣ "ਫੈਂਸੀ ਡ੍ਰੈੱਸ ਸ਼ੋਅ" ਸੀ, ਜਿਸ ਵਿੱਚ ਹਿੱਸਾ ਲੈਣ ਵਾਲੇ ਸਾਰੇ ਛੋਟੇ ਬੱਚਿਆਂ ਨੇ ਆਪਣੀ ਵਿਲੱਖਣ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ । ਸਮਾਗਮ ਵਿੱਚ ਕਈ ਉੱਘੇ ਮਹਿਮਾਨਾਂ ਨੇ ਵੀ ਸ਼ਿਰਕਤ ਕੀਤੀ । ਸ਼ਾਸ਼ਤਰੀ ਨ੍ਰਿਤ ਸਮੇਤ ਹਰਿਆਣਵੀ ਅਤੇ ਪੰਜਾਬੀ ਲੋਕ ਨਾਚ, ਭੰਗੜੇ ਅਤੇ ਗਿੱਧੇ ਤੇ ਵੱਖ-ਵੱਖ ਫਿਲਮੀ ਗੀਤਾਂ ਅਤੇ ਸਕਿੱਟਾਂ ਦੀ ਪੇਸ਼ਕਾਰੀ ਨੇ ਸਾਰਿਆਂ ਦਾ ਖੂਬ ਮਨੋਰੰਜਨ ਕੀਤਾ । ਸੀਨੀਅਰ ਖੇਤਰੀ ਨਿਰਦੇਸ਼ਕ ਡਾ. ਅਮਰਜੀਤ ਕੌਰ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਸਾਰਿਆਂ ਦਾ ਧੰਨਵਾਦ ਕੀਤਾ ।

a

-----------------------------------------------------------

ਜਲੰਧਰ  ਦੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਏ  ਕਿ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਦੇ ਲਾਭਪਾਤਰੀਆਂ ਨੂੰ ਫਰਜ਼ੀ ਕਾਲਾਂ ਆ ਰਹੀਆਂ ਨੇ, ਜਿਨ੍ਹਾਂ ਤੋਂ ਸੁਚੇਤ ਰਹਿਣ ਦੀ ਲੋੜ ਏ। ਉਨ੍ਹਾਂ ਦੱਸਿਆ ਕਿ ਇਸ ਯੋਜਨਾ  ਤਹਿਤ ਔਰਤਾਂ ਨੂੰ ਪਹਿਲਾ ਬੱਚਾ ਹੋਣ 'ਤੇ 5 ਹਜ਼ਾਰ ਰੁਪਏ ਅਤੇ ਦੂਜਾ ਬੱਚਾ ਲੜਕੀ ਹੋਣ ਮਗਰੋਂ 6 ਹਜ਼ਾਰ ਰੁਪਏ ਲਾਭ ਵਿੱਤੀ ਸਹਾਇਤਾ ਸਿੱਧੇ ਤੌਰ 'ਤੇ ਉਨ੍ਹਾਂ ਦੇ ਖਾਤਿਆਂ ਵਿਚ ਪ੍ਰਾਪਤ ਹੁੰਦਾ ਏ। ਉਨ੍ਹਾਂ ਦੱਸਿਆ ਕਿ ਕਾਲ ਕਰਨ ਵਾਲਿਆਂ ਵੱਲੋਂ ਲਾਭਪਾਤਰੀਆਂ ਨੂੰ ਯੂ.ਪੀ.ਆਈ. ਆਈ.ਡੀ ਅਤੇ ਬੈਂਕ ਖਾਤਾ ਨੰਬਰ ਸਾਂਝਾ  ਕਰਨ ਬਾਰੇ ਕਿਹਾ ਜਾ ਰਿਹਾ ਏ  ਜਦਕਿ ਇਸ ਯੋਜਨਾ  ਦੇ ਲਾਭਪਾਤਰੀਆਂ ਨੂੰ ਪੈਸੇ ਸਿੱਧਾ ਵਿਭਾਗ ਵੱਲੋਂ ਆਧਾਰ ਕਾਰਡ ਨਾਲ ਲਿੰਕ ਬੈਂਕ ਖਾਤੇ ਵਿਚ ਡੀ.ਬੀ.ਟੀ ਰਾਹੀਂ ਹੀ ਭੇਜੇ ਜਾਂਦੇ ਨੇ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਲਾਭਪਾਤਰੀ ਨੂੰ ਕੋਈ ਵੀ ਫੋਨ ਕਾਲ ਨਹੀਂ ਕੀਤੀ ਜਾਂਦੀ ਅਤੇ ਨਾ ਹੀ ਲਾਭਪਾਤਰੀ ਤੋਂ ਕੋਈ ਵੀ ਓ.ਟੀ.ਪੀ ਜਾਂ ਬੈਂਕ ਖਾਤਾ ਮੰਗਿਆ ਜਾਂਦਾ ਏ। ਉਨ੍ਹਾਂ ਲਾਭਪਾਤਰੀਆਂ ਨੂੰ ਸੁਚੇਤ

a

ਕਰਦਿਆਂ ਕਿਹਾ ਕਿ ਜੇਕਰ ਅਜਿਹੀ ਫਰਜ਼ੀ ਕਾਲ ਆਉਂਦੀ ਏ, ਤਾਂ ਬੈਂਕ ਖਾਤੇ ਦੇ ਵੇਰਵੇ ਸਾਂਝੇ ਨਾ ਕੀਤੇ ਜਾਣ।

------------------------------------------------------------

ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਵਿਖੇ, ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾੜੀ ਦੀ ਸਰਪ੍ਰਸਤੀ ਹੇਠ, ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਕੱਲ ਯੂਨੀਵਰਸਿਟੀ ਦੇ ਸਿਹਤ ਕੇਂਦਰ ਵਿਖੇ ,ਹਾਊਸਕੀਪਿੰਗ ਸਟਾਫ਼ ਲਈ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ ਗਿਆ। ਮੈਡੀਕਲ ਅਫ਼ਸਰ ਡਾ. ਹਰਸ਼ਪ੍ਰੀਤ ਕੌਰ ਅਤੇ ਡਾ. ਅਕਾਸ਼ ਪ੍ਰਕਾਸ਼ ਨੇ ਹਾਊਸਕੀਪਿੰਗ ਸਟਾਫ਼ ਦੀ ਮੈਡੀਕਲ ਜਾਂਚ ਕੀਤੀ। ਇਸ ਕੈਂਪ ਵਿੱਚ 50 ਤੋਂ ਵੱਧ ਮੈਂਬਰਾਂ ਨੇ ਮੁਫ਼ਤ ਮੈਡੀਕਲ ਸੇਵਾਵਾਂ ਦਾ ਲਾਭ ਉਠਾਇਆ। ਰਜਿਸਟਰਾਰ ਡਾ. ਵਿਜੇ ਸ਼ਰਮਾ ਨੇ ਯੂਨੀਵਰਸਿਟੀ ਕੈਂਪਸ ਵਿੱਚ ਸਫ਼ਾਈ ਰੱਖਣ ਲਈ ਹਾਊਸ ਕੀਪਿੰਗ ਸਟਾਫ਼ ਦਾ ਧੰਨਵਾਦ ਕੀਤਾ।ਉਨ੍ਹਾਂ ਦਸਿਆ ਕਈ ਪੰਜਾਬ ਕੇਂਦਰੀ ਯੂਨੀਵਰਸਿਟੀ ਵਿੱਚ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਆਉਣ ਵਾਲੇ ਦਿਨਾਂ ਵਿੱਚ ਬੈਸਟ ਆਊਟ ਆਫ਼

a

ਵੇਸਟ ਮੁਕਾਬਲੇ, ਪੋਸਟਰ ਮੇਕਿੰਗ ਅਤੇ ਸਵੱਛਤਾ ਵਾਕਾਥਨ ਵਰਗੀਆਂ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

---------------------------------------------------------------

ਪੰਜਾਬ ਵਿਚ ਅੱਜ ਸਵੇਰੇ ਮੋਹਾਲੀ, ਪਟਿਆਲ਼ਾ ਤੇ ਫਤਹਿਗੜ੍ਹ ਸਾਹਿਬ ਸਮੇਤ ਕਈ ਥਾਈਂ ਪਏ ਮੀਂਹ ਨਾਲ ਮੌਸਮ ਸੁਹਾਵਣਾ ਹੋ ਗਿਆ। ਜਲੰਧਰ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਬਦਲ ਛਾਏ ਹੋਏ ਨੇ। ਚੰਡੀਗੜ੍ਹ ਤੇ ਨਾਲ ਲਗਦੇ ਇਲਾਕਿਆਂ ਵਿੱਚ ਕੱਲ੍ਹ ਵੀ ਮੀਂਹ ਪਿਆ। ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਏ ਅਤੇ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਏ। ਮੌਸਮ ਵਿਭਾਗ ਨੇ ਅੱਜ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ ਸਮੇਤ ਮੋਹਾਲੀ ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜ਼ਪੁਰ, ਕਪੂਰਥਲਾ, ਜਲੰਧਰ, ਮੋਗਾ, ਲੁਧਿਆਣਾ, ਬਰਨਾਲਾ, ਫ਼ਤਹਿਗੜ੍ਹ ਸਾਹਿਬ ਤੇ ਪਟਿਆਲ਼ਾ 'ਚ ਵੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।